# ਉਤਪਤ

## ਸ੍ਰਿਸ਼ਟੀ ਦਾ ਵਰਨਣ

੧ ਆਦ ਵਿੱਚ ਪਰਮੇਸ਼ੁਰ ਨੇ ਅਕਾਸ਼ ਤੇ ਧਰਤੀ ਨੂੰ
੨ ਉਤਪਤ ਕੀਤਾ ੦ ਧਰਤੀ ਬੇਡੌਲ ਤੇ ਸੁੰਞੀ ਸੀ ਅਤੇ
ਡੂੰਘਿਆਈ ਉੱਤੇ ਅਨ੍ਹੇਰਾ ਸੀ ਅਤੇ ਪਰਮੇਸ਼ੁਰ ਦਾ
ਆਤਮਾ ਪਾਣੀਆਂ ਦੇ ਉੱਤੇ ਸੇਉਂਦਾ* ਸੀ ੦
੩ ਪਰਮੇਸ਼ੁਰ ਨੇ ਆਖਿਆ ਕਿ ਚਾਨਣ ਹੋਵੇ ਤਾਂ ਚਾਨਣ
੪ ਹੋ ਗਿਆ ੦ ਤਾਂ ਪਰਮੇਸ਼ੁਰ ਨੇ ਚਾਨਣ ਨੂੰ ਡਿੱਠਾ
ਭਈ ਚੰਗਾ ਹੈ ਅਤੇ ਪਰਮੇਸ਼ੁਰ ਨੇ ਚਾਨਣ ਨੂੰ
੫ ਅਨ੍ਹੇਰੇ ਤੋਂ ਵੱਖਰਾ ਕੀਤਾ ੦ ਪਰਮੇਸ਼ੁਰ ਨੇ ਚਾਨਣ
ਨੂੰ ਦਿਨ ਆਖਿਆ ਤੇ ਅਨ੍ਹੇਰੇ ਨੂੰ ਰਾਤ ਆਖਿਆ
ਸੋ ਸੰਝ ਤੇ ਸਵੇਰ ਪਹਿਲਾ ਦਿਨ ਹੋਇਆ ।।
੬ ਫੇਰ ਪਰਮੇਸ਼ੁਰ ਨੇ ਆਖਿਆ ਕਿ ਪਾਣੀਆਂ ਦੇ
ਵਿਚਕਾਰ ਅੰਬਰ ਹੋਵੇ ਅਤੇ ਉਹ ਪਾਣੀਆਂ ਨੂੰ
੭ ਪਾਣੀਆਂ ਤੋਂ ਵੱਖਰਿਆਂ ਕਰੇ ੦ ਸੋ ਪਰਮੇਸ਼ੁਰ ਨੇ
ਅੰਬਰ ਨੂੰ ਬਣਾਇਆ ਅਤੇ ਅੰਬਰ ਦੇ ਹੇਠਲੇ
ਪਾਣੀਆਂ ਨੂੰ ਅੰਬਰ ਦੇ ਉੱਪਰਲੇ ਪਾਣੀਆਂ ਤੋਂ
੮ ਵੱਖਰਾ ਕੀਤਾ ਅਤੇ ਓਵੇਂ ਹੀ ਹੋ ਗਿਆ ੦ ਤਾਂ
ਪਰਮੇਸ਼ੁਰ ਨੇ ਅੰਬਰ ਨੂੰ ਅਕਾਸ਼ ਆਖਿਆ ਸੋ ਸੰਝ
ਤੇ ਸਵੇਰ ਦੂਜਾ ਦਿਨ ਹੋਇਆ ।।
੯ ਫੇਰ ਪਰਮੇਸ਼ੁਰ ਨੇ ਆਖਿਆ ਕਿ ਅਕਾਸ਼ ਦੇ
ਹੇਠਲੇ ਪਾਣੀ ਇੱਕ ਥਾਂ ਇਕੱਠੇ ਹੋ ਜਾਣ ਤਾਂਜੋ
ਖੁਸ਼ਕੀ ਦਿੱਸ ਪਵੇ ਅਤੇ ਓਵੇਂ ਹੀ ਹੋ ਗਿਆ ੦
੧੦ ਪਰਮੇਸ਼ੁਰ ਨੇ ਖੁਸ਼ਕੀ ਨੂੰ ਧਰਤੀ ਆਖਿਆ ਅਤੇ
ਪਾਣੀਆਂ ਦੇ ਇਕੱਠ ਨੂੰ ਸਮੁੰਦਰ ਆਖਿਆ ਅਤੇ
੧੧ ਪਰਮੇਸ਼ੁਰ ਨੇ ਡਿੱਠਾ ਭਈ ਚੰਗਾ ਹੈ ੦ ਫੇਰ
ਪਰਮੇਸ਼ੁਰ ਨੇ ਆਖਿਆ ਕਿ ਧਰਤੀ ਘਾਹ, ਨਾਲੇ
ਬੀ ਵਾਲਾ ਸਾਗ ਪੱਤ ਅਤੇ ਫਲਦਾਰ ਬਿਰਛ ਉਗਾਵੇ
ਜਿਹੜੇ ਆਪੋ ਆਪਣੀ ਜਿਨਸ ਦੇ ਅਨੁਸਾਰ
ਬੀ ਵਾਲਾ ਫਲ ਧਰਤੀ ਉੱਤੇ ਦੇਣ ਅਤੇ ਓਵੇਂ ਹੀ
੧੨ ਹੋ ਗਿਆ ੦ ਸੋ ਧਰਤੀ ਨੇ ਘਾਹ ਤੇ ਬੀ ਵਾਲਾ
ਸਾਗ ਪੱਤ ਉਹ ਦੀ ਜਿਨਸ ਦੇ ਅਨੁਸਾਰ ਤੇ ਫਲਦਾਰ
ਬਿਰਛ ਜਿਨ੍ਹਾਂ ਦੇ ਵਿੱਚ ਆਪੋ ਆਪਣੀ ਜਿਨਸ ਦੇ
ਅਨੁਸਾਰ ਬੀ ਹੈ ਉਗਾਇਆ ਅਤੇ ਪਰਮੇਸ਼ੁਰ ਨੇ
੧੩ ਡਿੱਠਾ ਭਈ ਚੰਗਾ ਹੈ ੦ ਸੋ ਸੰਝ ਤੇ ਸਵੇਰ ਤੀਜਾ
ਦਿਨ ਹੋਇਆ ।।
੧੪ ਤਾਂ ਪਰਮੇਸ਼ੁਰ ਨੇ ਆਖਿਆ ਕਿ ਅਕਾਸ਼ ਦੇ
ਅੰਬਰ ਵਿੱਚ ਜੋਤਾਂ ਹੋਣ ਤਾਂਜੋ ਓਹ ਦਿਨ ਨੂੰ ਰਾਤ
ਤੋਂ ਅੱਡ ਕਰਨ, ਨਾਲੇ ਓਹ ਨਿਸ਼ਾਨਾਂ ਤੇ ਰੁੱਤਾਂ ਤੇ
੧੫ ਦਿਨਾਂ ਤੇ ਵਰਿਹਾਂ ਲਈ ਹੋਣ ੦ ਓਹ ਅਕਾਸ਼ ਦੇ
ਅੰਬਰ ਵਿੱਚ ਜੋਤਾਂ ਹੋਣ ਭਈ ਓਹ ਧਰਤੀ ਉੱਤੇ
੧੬ ਚਾਨਣ ਕਰਨ ਅਤੇ ਓਵੇਂ ਹੀ ਹੋ ਗਿਆ ੦ ਸੋ
ਪਰਮੇਸ਼ੁਰ ਨੇ ਦੋ ਵੱਡੀਆਂ ਜੋਤਾਂ ਬਣਾਈਆਂ—ਵੱਡੀ
ਜੋਤ ਜਿਹੜੀ ਦਿਨ ਉੱਤੇ ਰਾਜ ਕਰੇ ਅਤੇ ਨਿੱਕੀ
ਜੋਤ ਜਿਹੜੀ ਰਾਤ ਉੱਤੇ ਰਾਜ ਕਰੇ ਨਾਲੇ ਉਸ ਨੇ
੧੭ ਤਾਰੇ ਵੀ ਬਣਾਏ ੦ ਅਤੇ ਪਰਮੇਸ਼ੁਰ ਨੇ ਉਨ੍ਹਾਂ ਨੂੰ
ਅਕਾਸ਼ ਦੇ ਅੰਬਰ ਵਿੱਚ ਰੱਖਿਆ ਭਈ ਧਰਤੀ
੧੮ ਉੱਤੇ ਚਾਨਣ ਕਰਨ ੦ ਅਤੇ ਦਿਨ ਅਰ ਰਾਤ
ਉੱਤੇ ਰਾਜ ਕਰਨ ਅਤੇ ਚਾਨਣ ਨੂੰ ਅਨ੍ਹੇਰੇ ਤੋਂ ਅੱਡ
ਕਰਨ । ਤਾਂ ਪਰਮੇਸ਼ੁਰ ਨੇ ਡਿੱਠਾ ਭਈ ਚੰਗਾ ਹੈ ੦
੧੯ ਸੋ ਸੰਝ ਤੇ ਸਵੇਰ ਚੌਥਾ ਦਿਨ ਹੋਇਆ ।।
੨੦ ਫੇਰ ਪਰਮੇਸ਼ੁਰ ਨੇ ਆਖਿਆ ਕਿ ਪਾਣੀ ਫੇਰ
ਸਾਰੇ ਜੀਉਂਦੇ ਪ੍ਰਾਣੀਆਂ ਨਾਲ ਭਰ ਜਾਣ ਅਤੇ
ਪੰਛੀ ਧਰਤੀ ਤੋਂ ਉਤਾਹਾਂ ਅਕਾਸ਼ ਦੇ ਅੰਬਰ ਵਿੱਚ
੨੧ ਉੱਡਣ ੦ ਪਰਮੇਸ਼ੁਰ ਨੇ ਵੱਡੇ ਵੱਡੇ ਜਲ ਜੰਤੂਆਂ
ਨੂੰ ਅਤੇ ਸਾਰੇ ਚਲਣ ਵਾਲੇ ਜੀਉਂਦੇ ਪ੍ਰਾਣੀਆਂ ਨੂੰ
ਜਿਨ੍ਹਾਂ ਦੇ ਨਾਲ ਉਨ੍ਹਾਂ ਦੀ ਜਿਨਸ ਅਨੁਸਾਰ ਪਾਣੀ
ਭਰ ਗਏ ਉਤਪਤ ਕੀਤਾ, ਨਾਲੇ ਸਾਰੇ ਪੰਖ ਪੰਛੀਆਂ
ਨੂੰ ਵੀ ਉਨ੍ਹਾਂ ਦੀ ਜਿਨਸ ਅਨੁਸਾਰ ਅਤੇ ਪਰਮੇਸ਼ੁਰ ਨੇ
੨੨ ਡਿੱਠਾ ਭਈ ਚੰਗਾ ਹੈ ੦ ਤਾਂ ਪਰਮੇਸ਼ੁਰ ਨੇ ਇਹ
ਆਖਕੇ ਉਨ੍ਹਾਂ ਨੂੰ ਅਸੀਸ ਦਿੱਤੀ ਭਈ ਫਲੋ ਤੇ ਵਧੋ
ਤੇ ਸਮੁੰਦਰਾਂ ਦੇ ਪਾਣੀਆਂ ਨੂੰ ਭਰ ਦਿਓ ਅਤੇ ਪੰਛੀ

---

* ਅਥਵਾ "ਫੜਫੜਾ ਰਿਹਾ ਸੀ" ਅਥਵਾ "ਹਿਲਦਾ ਸੀ" ।।

੨੩ ਧਰਤੀ ਉੱਤੇ ਵਧਣ ੦ ਸੋ ਸੰਝ ਤੇ ਸਵੇਰ ਪੰਜਵਾਂ
ਦਿਨ ਹੋਇਆ ॥
੨੪ ਫੇਰ ਪਰਮੇਸ਼ੁਰ ਨੇ ਆਖਿਆ ਕਿ ਧਰਤੀ ਜੀਉਂਦੇ
ਪ੍ਰਾਣੀਆਂ ਨੂੰ ਉਨ੍ਹਾਂ ਦੀ ਜਿਨਸ ਦੇ ਅਨੁਸਾਰ ਤੇ
ਡੰਗਰਾਂ ਨੂੰ ਅਰ ਘਿੱਸਰਨ ਵਾਲਿਆਂ ਨੂੰ ਅਰ ਧਰਤੀ
ਦੇ ਜਾਨਵਰਾਂ ਨੂੰ ਉਨ੍ਹਾਂ ਦੀ ਜਿਨਸ ਦੇ ਅਨੁਸਾਰ
੨੫ ਉਪਜਾਵੇ ਅਤੇ ਓਵੇਂ ਹੀ ਹੋ ਗਿਆ ੦ ਸੋ ਪਰਮੇਸ਼ੁਰ
ਨੇ ਧਰਤੀ ਦੇ ਜਾਨਵਰਾਂ ਨੂੰ ਉਨ੍ਹਾਂ ਦੀ ਜਿਨਸ ਦੇ
ਅਨੁਸਾਰ ਅਰ ਡੰਗਰਾਂ ਨੂੰ ਉਨ੍ਹਾਂ ਦੀ ਜਿਨਸ ਦੇ
ਅਨੁਸਾਰ ਅਰ ਜ਼ਮੀਨ ਦੇ ਸਾਰੇ ਘਿੱਸਰਨ ਵਾਲਿਆਂ
ਨੂੰ ਉਨ੍ਹਾਂ ਦੀ ਜਿਨਸ ਦੇ ਅਨੁਸਾਰ ਬਣਾਇਆ
੨੬ ਅਤੇ ਪਰਮੇਸ਼ੁਰ ਨੇ ਡਿੱਠਾ ਭਈ ਚੰਗਾ ਹੈ ੦ ਤਾਂ
ਪਰਮੇਸ਼ੁਰ ਨੇ ਆਖਿਆ ਕਿ ਅਸੀਂ ਆਦਮੀ ਨੂੰ
ਆਪਣੇ ਸਰੂਪ ਉੱਤੇ ਅਰ ਆਪਣੇ ਵਰਗਾ
ਬਣਾਈਏ ਅਤੇ ਓਹ ਸਮੁੰਦਰ ਦੀਆਂ ਮੱਛੀਆਂ ਉੱਤੇ
ਅਤੇ ਅਕਾਸ਼ ਦਿਆਂ ਪੰਛੀਆਂ ਉੱਤੇ ਅਤੇ ਡੰਗਰਾਂ
ਉੱਤੇ ਸਗੋਂ ਸਾਰੀ ਧਰਤੀ ਉੱਤੇ ਅਤੇ ਧਰਤੀ ਪੁਰ
ਸਾਰੇ ਘਿੱਸਰਨ ਵਾਲਿਆਂ ਉੱਤੇ ਰਾਜ ਕਰਨ ੦
੨੭ ਸੋ ਪਰਮੇਸ਼ੁਰ ਨੇ ਆਦਮੀ ਨੂੰ ਆਪਣੇ ਸਰੂਪ ਉੱਤੇ
ਉਤਪਤ ਕੀਤਾ । ਪਰਮੇਸ਼ੁਰ ਦੇ ਸਰੂਪ ਉੱਤੇ ਉਹ
ਨੂੰ ਉਤਪਤ ਕੀਤਾ । ਨਰ ਨਾਰੀ ਉਸ ਨੇ ਉਨ੍ਹਾਂ ਨੂੰ
੨੮ ਉਤਪਤ ਕੀਤਾ ੦ ਪਰਮੇਸ਼ੁਰ ਨੇ ਉਨ੍ਹਾਂ ਨੂੰ ਅਸੀਸ
ਦਿੱਤੀ ਅਤੇ ਪਰਮੇਸ਼ੁਰ ਨੇ ਉਨ੍ਹਾਂ ਨੂੰ ਆਖਿਆ ਕਿ
ਫਲੋ ਅਰ ਵਧੋ ਅਰ ਧਰਤੀ ਨੂੰ ਭਰ ਦਿਓ ਅਤੇ
ਉਹ ਨੂੰ ਆਪਣੇ ਵੱਸ ਵਿੱਚ ਕਰੋ ਅਤੇ ਸਮੁੰਦਰ
ਦੀਆਂ ਮੱਛੀਆਂ ਉੱਤੇ ਅਰ ਅਕਾਸ਼ ਦਿਆਂ
ਪੰਛੀਆਂ ਉੱਤੇ ਅਰ ਸਾਰੇ ਧਰਤੀ ਪੁਰ ਘਿੱਸਰਨ
੨੯ ਵਾਲਿਆਂ ਜੀਆਂ ਉੱਤੇ ਰਾਜ ਕਰੋ ੦ ਅਤੇ
ਪਰਮੇਸ਼ੁਰ ਨੇ ਆਖਿਆ ਵੇਖੋ ਮੈਂ ਤੁਹਾਨੂੰ ਹਰ
ਬੀ ਵਾਲਾ ਸਾਗ ਪੱਤ ਜਿਹੜਾ ਸਾਰੀ ਧਰਤੀ ਦੇ ਉੱਤੇ
ਹੈ ਤੇ ਹਰ ਬਿਰਛ ਜਿਹ ਦੇ ਵਿੱਚ ਉਸ ਦਾ ਬੀ ਵਾਲਾ
ਫਲ ਹੈ ਦੇ ਦਿੱਤਾ । ਇਹ ਤੁਹਾਡੇ ਲਈ ਭੋਜਨ
੩੦ ਹੈ ੦ ਅਤੇ ਮੈਂ ਧਰਤੀ ਦੇ ਹਰ ਜਾਨਵਰ ਨੂੰ
ਅਰ ਅਕਾਸ਼ ਦੇ ਹਰ ਪੰਛੀ ਨੂੰ ਅਰ ਧਰਤੀ ਪੁਰ
ਹਰ ਘਿੱਸਰਨ ਵਾਲੇ ਨੂੰ ਜਿਹ ਦੇ ਵਿੱਚ ਜੀਵਣ ਦਾ
ਸਾਹ ਹੈ ਖਾਣ ਲਈ ਹਰ ਪਰਕਾਰ ਦਾ ਸਾਗ ਪੱਤ ਦੇ
੩੧ ਦਿੱਤਾ ਅਤੇ ਓਵੇਂ ਹੀ ਹੋ ਗਿਆ ੦ ਉਪਰੰਦ
ਪਰਮੇਸ਼ੁਰ ਨੇ ਸਰਬੱਤ ਨੂੰ ਜਿਹ ਨੂੰ ਉਸ ਨੇ ਬਣਾਇਆ
ਸੀ ਡਿੱਠਾ ਅਤੇ ਵੇਖੋ ਉਹ ਬਹੁਤ ਹੀ ਚੰਗਾ ਸੀ ।
ਸੋ ਸੰਝ ਤੇ ਸਵੇਰ ਛੇਵਾਂ ਦਿਨ ਹੋਇਆ ॥

੨ ਸੋ ਅਕਾਸ਼ ਤੇ ਧਰਤੀ ਤੇ ਉਨ੍ਹਾਂ ਦੀ ਸਾਰੀ ਵੱਸੋਂ*
੨ ਸੰਪੂਰਨ ਕੀਤੀ ਗਈ ੦ ਅਤੇ ਪਰਮੇਸ਼ੁਰ ਨੇ ਸੱਤਵੇਂ
ਦਿਨ ਆਪਣੇ ਕਾਰਜ ਨੂੰ ਜਿਹੜਾ ਉਸ ਨੇ ਬਣਾਇਆ
ਸੀ ਸੰਪੂਰਨ ਕੀਤਾ ਅਤੇ ਸੱਤਵੇਂ ਦਿਨ ਆਪਣੇ ਸਾਰੇ
ਕਾਰਜ ਤੋਂ ਜਿਹੜਾ ਉਸ ਨੇ ਬਣਾਇਆ ਸੀ ਵੇਹਲਾ
੩ ਹੋ ਗਿਆ ੦ ਤਾਂ ਪਰਮੇਸ਼ੁਰ ਨੇ ਸੱਤਵੇਂ ਦਿਨ ਨੂੰ
ਅਸੀਸ ਦਿੱਤੀ ਅਤੇ ਉਹ ਨੂੰ ਏਸ ਲਈ ਪਵਿੱਤ੍ਰ
ਠਹਿਰਾਇਆ ਜੋ ਉਸੇ ਦਿਨ ਆਪਣੇ ਕਾਰਜ ਤੋਂ
ਜਿਹੜਾ ਪਰਮੇਸ਼ੁਰ ਨੇ ਉਤਪਤ ਕਰਕੇ ਬਣਾਇਆ ਸੀ
ਉਹ ਵੇਹਲਾ ਹੋ ਗਿਆ ॥

### ਆਦਮੀ ਤੇ ਇਸਤ੍ਰੀ ਦਾ ਰਚਿਆ ਜਾਣਾ

੪ ਇਹ ਅਕਾਸ਼ ਤੇ ਧਰਤੀ ਦੀ ਪਦਾਇਸ਼ ਦਾ
ਅਰੰਭ ਹੈ ਜਦ ਓਹ ਉਤਪੰਨ ਹੋਏ ਜਿਸ ਦਿਨ
ਯਹੋਵਾਹ ਪਰਮੇਸ਼ੁਰ ਨੇ ਅਕਾਸ਼ ਅਤੇ ਧਰਤੀ ਨੂੰ
੫ ਬਣਾਇਆ ੦ ਖੇਤ ਦਾ ਕੋਈ ਬੂਟਾ ਅਜੇ ਧਰਤੀ
ਉੱਤੇ ਨਹੀਂ ਸੀ ਨਾ ਖੇਤ ਦਾ ਕੋਈ ਸਾਗ ਪੱਤ ਅਜੇ
ਉਪਜਿਆ ਸੀ ਕਿਉਂਜੋ ਯਹੋਵਾਹ ਪਰਮੇਸ਼ੁਰ ਨੇ ਧਰਤੀ
ਉੱਤੇ ਮੀਂਹ ਨਹੀਂ ਵਰਹਾਇਆ ਸੀ ਨਾ ਜ਼ਮੀਨ ਦੇ
੬ ਵਾਹੁਣ ਲਈ ਕੋਈ ਆਦਮੀ ਸੀ ੦ ਪਰ ਧੁੰਦ
ਧਰਤੀਓਂ ਉੱਠਕੇ ਸਾਰੀ ਜ਼ਮੀਨ ਨੂੰ ਸਿੰਜਦੀ ਸੀ ੦
੭ ਯਹੋਵਾਹ ਪਰਮੇਸ਼ੁਰ ਨੇ ਆਦਮੀ ਨੂੰ ਜ਼ਮੀਨ ਦੀ
ਮਿੱਟੀ ਤੋਂ ਰਚਿਆ ਅਤੇ ਉਸ ਦੀਆਂ ਨਾਸਾਂ ਵਿੱਚ
ਜੀਵਣ ਦਾ ਸਾਹ ਫੂਕਿਆ ਸੋ ਆਦਮੀ ਜੀਉਂਦੀ
੮ ਜਾਨ ਹੋ ਗਿਆ ੦ ਤਾਂ ਯਹੋਵਾਹ ਪਰਮੇਸ਼ੁਰ ਨੇ
ਇੱਕ ਬਾਗ ਅਦਨ ਵਿੱਚ ਪੂਰਬ ਵੱਲ ਲਾਇਆ
ਅਤੇ ਉੱਥੇ ਉਸ ਨੇ ਉਸ ਆਦਮੀ ਨੂੰ ਜਿਹ ਨੂੰ ਉਸ ਨੇ
੯ ਰਚਿਆ ਸੀ ਰੱਖਿਆ ੦ ਅਤੇ ਯਹੋਵਾਹ ਪਰਮੇਸ਼ੁਰ
ਨੇ ਜ਼ਮੀਨ ਤੋਂ ਹਰ ਬਿਰਛ ਜਿਹੜਾ ਵੇਖਣ ਵਿੱਚ
ਸੁੰਦਰ ਸੀ ਅਰ ਖਾਣ ਵਿੱਚ ਚੰਗਾ ਸੀ ਅਤੇ ਬਾਗ

* ਇਬਰਾਨੀ=ਸੈਨਾਂ ।

ਦੇ ਵਿਚਕਾਰ ਜੀਵਣ ਦਾ ਬਿਰਛ ਤੇ ਭਲੇ ਬੁਰੇ ਦੀ
੧੦ ਸਿਆਣ ਦਾ ਬਿਰਛ ਵੀ ਉਗਾਇਆ ੦ ਅਤੇ ਇੱਕ
ਦਰਿਆ ਉਸ ਬਾਗ ਨੂੰ ਸਿੰਜਣ ਲਈ ਅਦਨ ਤੋਂ
ਨਿੱਕਲਿਆ ਅਤੇ ਉੱਥੋਂ ਵੰਡਿਆ ਗਿਆ ਅਰ
੧੧ ਚਾਰ ਹਿੱਸੇ ਹੋ ਗਿਆ ੦ ਇੱਕ ਦਾ ਨਾਉਂ ਪੀਸੋਨ ਹੈ
ਜਿਹੜਾ ਸਾਰੇ ਹਵੀਲਾਹ ਦੇਸ ਨੂੰ ਘੇਰਦਾ ਹੈ ਜਿੱਥੇ
੧੨ ਸੋਨਾ ਹੈ ੦ ਅਰ ਉਸ ਦੇਸ ਦਾ ਸੋਨਾ ਚੰਗਾ ਹੈ
ਅਰ ਉੱਥੇ ਮੋਤੀ ਤੇ ਸੁਲੇਮਾਨੀ ਪੱਥਰ ਵੀ ਹਨ ੦
੧੩ ਦੂਜੀ ਨਦੀ ਦਾ ਨਾਉਂ ਗੀਹੋਨ ਹੈ ਜਿਹੜੀ ਸਾਰੇ ਕੂਸ਼
੧੪ ਦੇਸ ਨੂੰ ਘੇਰਦੀ ਹੈ ੦ ਤੀਜੀ ਨਦੀ ਦਾ ਨਾਉਂ
ਹਿੱਦਕਲ* ਹੈ ਜਿਹੜੀ ਅੱਸੂਰ ਦੇ ਚੜ੍ਹਦੇ ਪਾਸੇ
ਜਾਂਦੀ ਹੈ ਅਤੇ ਚੌਥੀ ਫਰਾਤ ਹੈ ॥

੧੫ ਯਹੋਵਾਹ ਪਰਮੇਸ਼ੁਰ ਨੇ ਉਸ ਆਦਮੀ ਨੂੰ ਲੈਕੇ
ਅਦਨ ਦੇ ਬਾਗ ਵਿੱਚ ਰੱਖਿਆ ਤਾਂਜੋ ਉਹ ਉਸ ਦੀ
੧੬ ਵਾਹੀ ਤੇ ਰਾਖੀ ਕਰੇ ੦ ਤਾਂ ਯਹੋਵਾਹ ਪਰਮੇਸ਼ੁਰ ਨੇ
ਆਦਮੀ ਨੂੰ ਆਗਿਆ ਦਿੱਤੀ ਕਿ ਬਾਗ ਦੇ ਹਰ
੧੭ ਬਿਰਛ ਤੋਂ ਤੂੰ ਨਿਸੰਗ ਖਾਈਂ ੦ ਪਰ ਭਲੇ ਬੁਰੇ ਦੀ
ਸਿਆਣ ਦੇ ਬਿਰਛ ਤੋਂ ਤੂੰ ਨਾ ਖਾਈਂ ਕਿਉਂਜੋ ਜਿਸ
ਦਿਨ ਤੂੰ ਉਸ ਤੋਂ ਖਾਵੇਂ ਤੂੰ ਜ਼ਰੂਰ ਮਰੇਂਗਾ ॥

੧੮ ਫੇਰ ਯਹੋਵਾਹ ਪਰਮੇਸ਼ੁਰ ਨੇ ਆਖਿਆ ਭਈ
ਚੰਗਾ ਨਹੀਂ ਕਿ ਆਦਮੀ ਇਕੱਲਾ ਰਹੇ ਸੋ ਮੈਂ ਉਹ
ਦੇ ਲਈ ਉਹ ਦੇ ਵਾਂਙੁ ਇੱਕ ਸਹਾਇਕਣ ਬਣਾ-
੧੯ ਵਾਂਗਾ ੦ ਯਹੋਵਾਹ ਪਰਮੇਸ਼ੁਰ ਨੇ ਮਿੱਟੀ ਤੋਂ ਜੰਗਲ
ਦੇ ਹਰ ਇੱਕ ਜਾਨਵਰ ਨੂੰ ਅਤੇ ਅਕਾਸ਼ ਦੇ ਹਰ
ਇੱਕ ਪੰਛੀ ਨੂੰ ਰਚਿਆ ਅਤੇ ਆਦਮੀ ਕੋਲ ਲੈ
ਆਇਆ ਤਾਂਜੋ ਉਹ ਵੇਖੇ ਭਈ ਉਹ ਕਿਵੇਂ ਉਨ੍ਹਾਂ ਨੂੰ
ਸੱਦੇਗਾ ਅਤੇ ਜੋ ਕੁਝ ਆਦਮੀ ਨੇ ਉਸ ਜੀਉਂਦੇ
ਪ੍ਰਾਣੀ ਨੂੰ ਸੱਦਿਆ ਸੋ ਉਹ ਦਾ ਨਾਉਂ ਹੋ ਗਿਆ ੦
੨੦ ਐਉਂ ਆਦਮੀ ਨੇ ਸਾਰੇ ਡੰਗਰਾਂ ਨੂੰ ਅਰ ਅਕਾਸ਼ ਦੇ
ਪੰਛੀਆਂ ਨੂੰ ਅਰ ਜੰਗਲ ਦੇ ਸਾਰੇ ਜਾਨਵਰਾਂ ਨੂੰ ਨਾਉਂ
ਦਿੱਤੇ ਪਰ ਆਦਮੀ ਲਈ ਅਜੇ ਕੋਈ ਸਹਾਇਕਣ
ਉਹ ਦੇ ਵਰਗੀ ਨਾ ਮਿਲੀ ॥

੨੧ ਉਪਰੰਦ ਯਹੋਵਾਹ ਪਰਮੇਸ਼ੁਰ ਨੇ ਗੂਹੜੀ ਨੀਂਦ
ਭੇਜੀ ਸੋ ਉਹ ਸੌਂ ਗਿਆ ਅਤੇ ਉਸ ਨੇ ਉਹ ਦੀਆਂ
ਪਸਲੀਆਂ ਵਿੱਚੋਂ ਇੱਕ ਕੱਢ ਲਈ ਅਤੇ ਉਹ ਦੀ
੨੨ ਥਾਂ ਮਾਸ ਭਰ ਦਿੱਤਾ ੦ ਤਾਂ ਯਹੋਵਾਹ ਪਰਮੇਸ਼ੁਰ ਨੇ
ਉਸ ਪਸਲੀ ਤੋਂ ਜਿਹੜੀ ਉਸ ਨੇ ਆਦਮੀ ਵਿੱਚੋਂ
ਕੱਢੀ ਇੱਕ ਨਾਰੀ ਬਣਾਈ ਅਤੇ ਉਹ ਨੂੰ ਆਦਮੀ
੨੩ ਕੋਲ ਲੈ ਆਇਆ ੦ ਤਾਂ ਆਦਮੀ ਨੇ ਆਖਿਆ
ਕਿ ਇਹ ਹੁਣ ਮੇਰੀਆਂ ਹੱਡੀਆਂ ਵਿੱਚੋਂ ਹੱਡੀ ਹੈ
ਅਰ ਮੇਰੇ ਮਾਸ ਵਿੱਚੋਂ ਮਾਸ ਹੈ ਸੋ ਇਹ ਇਸ ਕਾਰਨ
ਨਾਰੀ ਅਖਵਾਊਗੀ ਜੋ ਇਹ ਨਰ ਵਿੱਚੋਂ ਕੱਢੀ
੨੪ ਗਈ ਹੈ ੦ ਸੋ ਮਰਦ ਆਪਣੇ ਮਾਪੇ ਛੱਡਕੇ ਆਪਣੀ
ਤੀਮੀਂ ਨਾਲ ਮਿਲਿਆ ਰਹੂਗਾ ਅਤੇ ਓਹ ਇੱਕ
੨੫ ਸਰੀਰ ਹੋਣਗੇ ੦ ਅਤੇ ਮਰਦ ਅਰ ਉਹ ਦੀ ਤੀਮੀਂ
ਦੋਵੇਂ ਨੰਗੇ ਸਨ ਪਰ ਸੰਗਦੇ ਨਹੀਂ ਸਨ ॥

## ਆਦਮੀ ਦਾ ਆਤਮਿਕ ਡਿੱਗਣ

੩ ਸੱਪ ਸਭ ਜੰਗਲੀ ਜਾਨਵਰਾਂ ਨਾਲੋਂ ਜਿਨ੍ਹਾਂ ਨੂੰ
ਯਹੋਵਾਹ ਪਰਮੇਸ਼ੁਰ ਨੇ ਬਣਾਇਆ ਸੀ ਚਾਤਰ ਸੀ
ਅਤੇ ਉਸ ਨੇ ਉਸ ਤੀਮੀਂ ਨੂੰ ਆਖਿਆ ਭਲਾ ਪਰਮੇ-
ਸ਼ੁਰ ਨੇ ਸੱਚ ਮੁੱਚ ਆਖਿਆ ਹੈ ਕਿ ਬਾਗ ਦੇ ਕਿਸੇ
੨ ਬਿਰਛ ਤੋਂ ਤੁਸੀਂ ਨਾ ਖਾਓ ? ੦ ਤੀਮੀਂ ਨੇ ਸੱਪ ਨੂੰ
ਆਖਿਆ ਕਿ ਬਾਗ ਦੇ ਬਿਰਛਾਂ ਦੇ ਫਲੋਂ ਤਾਂ
੩ ਅਸੀਂ ਖਾਂਦੇ ਹਾਂ ੦ ਪਰ ਜਿਹੜਾ ਬਿਰਛ ਬਾਗ ਦੇ
ਵਿਚਕਾਰ ਹੈ ਉਸ ਦੇ ਫਲ ਤੋਂ ਪਰਮੇਸ਼ੁਰ ਨੇ
ਆਖਿਆ ਤੁਸੀਂ ਨਾ ਖਾਓ ਨਾ ਉਹ ਨੂੰ ਹੱਥ ਲਾਓ
੪ ਅਜਿਹਾ ਨਾ ਹੋਵੇ ਕਿ ਤੁਸੀਂ ਮਰ ਜਾਓ ੦ ਪਰ ਸੱਪ
ਨੇ ਤੀਮੀਂ ਨੂੰ ਆਖਿਆ ਕਿ ਤੁਸੀਂ ਕਦੀ ਨਾ ਮਰੋਗੇ ੦
੫ ਸਗੋਂ ਪਰਮੇਸ਼ੁਰ ਜਾਣਦਾ ਹੈ ਕਿ ਜਿਸ ਦਿਨ ਤੁਸੀਂ
ਉਸ ਤੋਂ ਖਾਓਗੇ ਤੁਹਾਡੀਆਂ ਅੱਖੀਆਂ ਖੁੱਲ੍ਹ ਜਾਣ-
ਗੀਆਂ ਅਤੇ ਤੁਸੀਂ ਪਰਮੇਸ਼ੁਰ ਵਾਂਙੁ ਭਲੇ ਬੁਰੇ ਦੀ
੬ ਸਿਆਣਵਾਲੇ ਹੋ ਜਾਓਗੇ ੦ ਜਾਂ ਤੀਮੀਂ ਨੇ ਵੇਖਿਆ
ਕਿ ਉਹ ਬਿਰਛ ਖਾਣ ਲਈ ਚੰਗਾ ਹੈ ਅਤੇ ਅੱਖੀਆਂ
ਨੂੰ ਭਾਉਂਦਾ ਹੈ ਅਤੇ ਉਹ ਬਿਰਛ ਬੁੱਧ ਦੇਣ ਲਈ
ਲੋੜੀਦਾ ਹੈ ਤਾਂ ਉਸ ਨੇ ਉਹ ਦੇ ਫਲ ਤੋਂ ਲਿਆ ਤੇ
ਆਪ ਖਾਧਾ ਨਾਲੇ ਆਪਣੇ ਪਤੀ ਨੂੰ ਵੀ ਦਿੱਤਾ ਅਤੇ
੭ ਉਸ ਨੇ ਖਾਧਾ ੦ ਤਦ ਦੋਹਾਂ ਦੀਆਂ ਅੱਖੀਆਂ ਖੁੱਲ੍ਹ
ਗਈਆਂ ਅਤੇ ਉਨ੍ਹਾਂ ਨੇ ਜਾਣ ਲਿਆ ਭਈ ਅਸੀਂ
ਨੰਗੇ ਹਾਂ ਸੋ ਉਨ੍ਹਾਂ ਨੇ ਫਗੂੜੀ ਦੇ ਪੱਤੇ ਸੀਉਂਕੇ

* ਅਥਵਾ ਦਜਲਾ ।

੮ ਆਪਣੇ ਲਈ ਤਹਿਮਦ ਬਣਾਏ ੦ ਤਾਂ ਉਨ੍ਹਾਂ ਨੇ
ਯਹੋਵਾਹ ਪਰਮੇਸ਼ੁਰ ਦੀ ਅਵਾਜ਼ ਸੁਣੀ ਜਦ ਉਹ
ਬਾਗ ਵਿੱਚ ਠੰਡੇ ਵੇਲੇ ਫਿਰਦਾ ਸੀ ਅਤੇ ਉਸ ਮਰਦ
ਅਰ ਉਹ ਦੀ ਤੀਮੀਂ ਨੇ ਬਾਗ ਦੇ ਬਿਰਛਾਂ ਦੇ
ਵਿਚਕਾਰ ਯਹੋਵਾਹ ਪਰਮੇਸ਼ੁਰ ਦੇ ਸਾਹਮਣਿਓਂ
੯ ਆਪਣੇ ਆਪ ਨੂੰ ਲੁਕਾਇਆ ੦ ਤਦ ਯਹੋਵਾਹ
ਪਰਮੇਸ਼ੁਰ ਨੇ ਆਦਮੀ ਨੂੰ ਪੁਕਾਰਕੇ ਆਖਿਆ ਕਿ ਤੂੰ
੧੦ ਕਿੱਥੇ ਹੈਂ ? ੦ ਉਸ ਨੇ ਆਖਿਆ ਕਿ ਤੇਰੀ ਅਵਾਜ਼
ਬਾਗ ਵਿੱਚ ਸੁਣ ਕੇ ਮੈਂ ਡਰ ਗਿਆ ਕਿਉਂਜੋ ਮੈਂ
ਨੰਗਾ ਹਾਂ ਸੋ ਮੈਂ ਆਪਣੇ ਆਪ ਨੂੰ ਲੁਕਾਇਆ ੦
੧੧ ਤਾਂ ਉਸ ਨੇ ਆਖਿਆ ਕਿਨ ਤੈਨੂੰ ਦੱਸਿਆ ਭਈ ਤੂੰ
ਨੰਗਾ ਹੈਂ ? ਜਿਸ ਬਿਰਛ ਤੋਂ ਮੈਂ ਤੈਨੂੰ ਹੁਕਮ ਦਿੱਤਾ
ਕਿ ਉਸ ਤੋਂ ਨਾ ਖਾਈਂ ਕੀ ਤੂੰ ਉਸ ਤੋਂ ਖਾਧਾ ? ੦
੧੨ ਫੇਰ ਆਦਮੀ ਨੇ ਆਖਿਆ ਕਿ ਜਿਸ ਤੀਮੀਂ ਨੂੰ ਤੂੰ
ਮੈਨੂੰ ਦਿੱਤਾ ਸੀ ਉਸ ਨੇ ਉਸ ਬਿਰਛ ਤੋਂ ਮੈਨੂੰ ਦਿੱਤਾ
੧੩ ਤੇ ਮੈਂ ਖਾਧਾ ੦ ਤਦ ਯਹੋਵਾਹ ਪਰਮੇਸ਼ੁਰ ਨੇ ਤੀਮੀਂ
ਨੂੰ ਆਖਿਆ ਕਿ ਤੈਂ ਇਹ ਕੀ ਕੀਤਾ ? ਤੀਮੀਂ ਨੇ
ਆਖਿਆ ਕਿ ਸੱਪ ਨੇ ਮੈਨੂੰ ਭਰਮਾਇਆ ਤਾਂ ਮੈਂ
੧੪ ਖਾਧਾ ੦ ਫੇਰ ਯਹੋਵਾਹ ਪਰਮੇਸ਼ੁਰ ਨੇ ਸੱਪ ਨੂੰ
ਆਖਿਆ ਭਈ ਏਸ ਲਈ ਕਿ ਤੂੰ ਇਹ ਕੀਤਾ ਤੂੰ
ਸਾਰੇ ਡੰਗਰਾਂ ਨਾਲੋਂ ਅਤੇ ਸਾਰੇ ਜੰਗਲੀ ਜਾਨਵਰਾਂ
ਨਾਲੋਂ ਸਰਾਪੀ ਹੈਂ । ਤੂੰ ਆਪਣੇ ਢਿੱਡ ਭਾਰ ਤੁਰੇਂਗਾ
ਅਤੇ ਆਪਣੇ ਜੀਵਣ ਦੇ ਸਾਰੇ ਦਿਨ ਤੂੰ ਮਿੱਟੀ
੧੫ ਖਾਇਆ ਕਰੇਂਗਾ ੦ ਅਤੇ ਤੇਰੇ ਤੇ ਤੀਮੀਂ ਵਿੱਚ ਅਤੇ
ਤੇਰੀ ਸੰਤਾਨ ਤੇ ਤੀਮੀਂ ਦੀ ਸੰਤਾਨ ਵਿੱਚ ਮੈਂ ਵੈਰ
ਪਾਵਾਂਗਾ । ਉਹ ਤੇਰੇ ਸਿਰ ਨੂੰ ਫੇਵੇਗਾ ਅਤੇ ਤੂੰ ਉਹ
ਦੀ ਅੱਡੀ ਨੂੰ ਡੰਗ ਮਾਰੇਂਗਾ ॥
੧੬ ਉਸ ਨੇ ਤੀਮੀਂ ਨੂੰ ਆਖਿਆ ਕਿ ਮੈਂ ਤੇਰੇ ਗਰਭ
ਦੀ ਪੀੜ ਬਹੁਤ ਵਧਾਵਾਂਗਾ । ਪੀੜ ਨਾਲ ਤੂੰ ਬੱਚੇ
ਜਣੇਂਗੀ ਅਤੇ ਤੇਰੇ ਪਤੀ ਵੱਲ ਤੇਰੀ ਚਾਹ ਹੋਵੇਗੀ
ਅਤੇ ਉਹ ਤੇਰੇ ਉੱਤੇ ਹੁਕਮ ਚਲਾਊਗਾ ॥
੧੭ ਫੇਰ ਉਸ ਨੇ ਆਦਮੀ ਨੂੰ ਆਖਿਆ ਕਿ ਏਸ
ਲਈ ਕਿ ਤੂੰ ਆਪਣੀ ਤੀਮੀਂ ਦੀ ਗੱਲ ਸੁਣੀ ਅਤੇ
ਉਸ ਬਿਰਛ ਤੋਂ ਖਾਧਾ ਜਿਸ ਦੇ ਵਿਖੇ ਮੈਂ ਤੈਨੂੰ ਹੁਕਮ
ਦਿੱਤਾ ਸੀ ਭਈ ਉਸ ਤੋਂ ਨਾ ਖਾਈਂ ਸੋ ਜ਼ਮੀਨ ਤੇਰੇ
ਕਾਰਨ ਸਰਾਪਤ ਹੋਈ । ਤੂੰ ਆਪਣੇ ਜੀਵਣ ਦੇ ਸਾਰੇ
੧੮ ਦਿਨ ਉਸ ਤੋਂ ਦੁਖ ਨਾਲ ਖਾਵੇਂਗਾ ੦ ਉਹ ਕੰਡੇ ਅਰ
ਕੰਡਿਆਲੇ ਤੇਰੇ ਲਈ ਉਗਾਵੇਗੀ ਅਤੇ ਤੂੰ ਪੈਲੀ ਦਾ
੧੯ ਸਾਗ ਪੱਤ ਖਾਵੇਂਗਾ ੦ ਤੂੰ ਆਪਣੇ ਮੂੰਹ ਦੇ ਮੁੜ੍ਹਕੇ
ਨਾਲ ਰੋਟੀ ਖਾਵੇਂਗਾ ਜਦ ਤੀਕ ਤੂੰ ਮਿੱਟੀ ਵਿੱਚ ਫੇਰ
ਨਾ ਮੁੜੇਂ ਕਿਉਂਜੋ ਤੂੰ ਉਸ ਤੋਂ ਕੱਢਿਆ ਗਿਆ ਸੀ ।
ਤੂੰ ਮਿੱਟੀ ਹੈਂ ਅਤੇ ਮਿੱਟੀ ਵਿੱਚ ਤੂੰ ਮੁੜ ਜਾਵੇਂਗਾ ੦
੨੦ ਆਦਮੀ ਨੇ ਆਪਣੀ ਤੀਮੀਂ ਦਾ ਨਾਉਂ ਹੱਵਾਹ *
ਰੱਖਿਆ ਏਸ ਲਈ ਕਿ ਉਹ ਸਾਰੇ ਜੀਉਂਦਿਆਂ ਦੀ
੨੧ ਮਾਤਾ ਹੈ ੦ ਤਾਂ ਯਹੋਵਾਹ ਪਰਮੇਸ਼ੁਰ ਨੇ ਆਦਮੀ ਤੇ
ਉਹ ਦੀ ਤੀਮੀਂ ਲਈ ਚਮੜੇ ਦੇ ਚੋਲੇ ਬਣਾਕੇ ਉਨ੍ਹਾਂ
ਨੂੰ ਪਵਾਏ ॥
੨੨ ਤਦ ਯਹੋਵਾਹ ਪਰਮੇਸ਼ੁਰ ਨੇ ਆਖਿਆ ਵੇਖੋ
ਆਦਮੀ ਭਲੇ ਬੁਰੇ ਦੀ ਸਿਆਣ ਵਿੱਚ ਸਾਡੇ ਵਿੱਚੋਂ
ਇੱਕ ਵਰਗਾ ਹੋ ਗਿਆ ਅਤੇ ਹੁਣ ਅਜੇਹਾ ਨਾ ਹੋਵੇ
ਕਿ ਉਹ ਆਪਣਾ ਹੱਥ ਵਧਾਕੇ ਜੀਵਣ ਦੇ ਬਿਰਛ ਤੋਂ
੨੩ ਵੀ ਲੈਕੇ ਖਾਵੇ ਅਤੇ ਸਦਾ ਜੀਉਂਦਾ ਰਹੇ ੦ ਸੋ
ਯਹੋਵਾਹ ਪਰਮੇਸ਼ੁਰ ਨੇ ਉਹ ਨੂੰ ਅਦਨ ਦੇ ਬਾਗੋਂ
ਕੱਢ ਦਿੱਤਾ ਤਾਂਜੋ ਉਹ ਉਸ ਜ਼ਮੀਨ ਨੂੰ ਵਾਹੇ ਜਿਸ ਤੋਂ
੨੪ ਉਹ ਕੱਢਿਆ ਗਿਆ ਸੀ ੦ ਸੋ ਉਸ ਨੇ ਆਦਮੀ ਨੂੰ
ਕੱਢ ਦਿੱਤਾ ਅਤੇ ਉਸ ਨੇ ਅਦਨ ਦੇ ਬਾਗ ਦੇ
ਚੜ੍ਹਦੇ ਪਾਸੇ ਦੂਤਾਂ † ਨੂੰ ਅਤੇ ਚੌਪਾਸੇ ਘੁੰਮਣ ਵਾਲੇ
ਖੰਡੇ ਦੀ ਲਸ਼ਕ ਨੂੰ ਰੱਖਿਆ ਤਾਂਜੋ ਓਹ ਜੀਵਣ ਦੇ
ਬਿਰਛ ਦੇ ਰਾਹ ਦੀ ਰਾਖੀ ਕਰਨ ॥

## ਕਇਨ ਤੇ ਹਾਬਲ

੪ ਤਦ ਆਦਮ ਨੇ ਆਪਣੀ ਤੀਮੀਂ ਹੱਵਾਹ ਨਾਲ
ਸੰਗ ਕੀਤਾ ਅਤੇ ਉਹ ਗਰਭਣੀ ਹੋਈ ਅਤੇ ਕਇਨ ਨੂੰ
ਜਣੀ ਤਾਂ ਉਹ ਨੇ ਆਖਿਆ ਕਿ ਮੈਂ ਇੱਕ ਮਨੁੱਖ
੨ ਯਹੋਵਾਹ ਕੋਲੋਂ ਪ੍ਰਾਪਤ ਕੀਤਾ ੦ ਫੇਰ ਉਹ ਉਸ ਦੇ
ਭਰਾ ਹਾਬਲ ਨੂੰ ਜਣੀ ਅਰ ਹਾਬਲ ਇੱਜੜਾਂ ਦਾ
ਪਾਲੀ ਸੀ ਅਤੇ ਕਇਨ ਜ਼ਮੀਨ ਦਾ ਹਾਲੀ ਸੀ ੦
੩ ਕੁਝ ਦਿਨਾਂ ਦੇ ਮਗਰੋਂ ਐਉਂ ਹੋਇਆ ਕਿ ਕਇਨ
ਜ਼ਮੀਨ ਦੇ ਫਲ ਤੋਂ ਯਹੋਵਾਹ ਦੀ ਭੇਟ ਲਈ ਕੁਝ
੪ ਲੈ ਆਇਆ ੦ ਹਾਬਲ ਵੀ ਇੱਜੜ ਦੇ ਪਲੌਠਿਆਂ

* ਜੀਵਣ । † ਇਬਰਾਨੀ = ਕਰੂਬੀਮ ।